ਬਸੰਤੁ ਹਿੰਡੋਲ ਮਹਲਾ ੧ ॥ ਸਾਚਾ ਸਾਹੁ ਗੁਰੂ ਸੁਖਦਾਤਾ ਹਰਿ ਮੇਲੇ ਭੁਖ ਗਵਾਏ ॥ ਕਰਿ ਕਿਰਪਾ ਹਰਿ ਭਗਤਿ ਦ੍ਰਿੜਾਏ ਅਨਦਿਨੁ ਹਰਿ ਗੁਣ ਗਾਏ ॥੧॥ ਮਤ ਭੂਲਹਿ ਰੇ ਮਨ ਚੇਤਿ ਹਰੀ ॥ ਬਿਨੁ ਗੁਰ ਮੁਕਤਿ ਨਾਹੀ ਤ੍ਰੈ ਲੋਈ ਗੁਰਮੁਖਿ ਪਾਈਐ ਨਾਮੁ ਹਰੀ ॥੧॥ ਰਹਾਉ ॥ ਬਿਨੁ ਭਗਤੀ ਨਹੀ ਸਤਿਗੁਰੁ ਪਾਈਐ ਬਿਨੁ ਭਾਗਾ ਨਹੀ ਭਗਤਿ ਹਰੀ ॥ ਬਿਨੁ ਭਾਗਾ ਸਤਸੰਗੁ ਨ ਪਾਈਐ ਕਰਮਿ ਮਿਲੈ ਹਰਿ ਨਾਮੁ ਹਰੀ ॥੨॥ ਘਟਿ ਘਟਿ ਗੁਪਤੁ ਉਪਾਏ ਵੇਖੈ ਪਰਗਟੁ ਗੁਰਮੁਖਿ ਸੰਤ ਜਨਾ ॥ ਹਰਿ ਹਰਿ ਕਰਹਿ ਸੁ ਹਰਿ ਰੰਗਿ ਭੀਨੇ ਹਰਿ ਜਲੁ ਅੰਮ੍ਰਿਤ ਨਾਮੁ ਮਨਾ ॥ ੩॥ ਜਿਨ ਕਉ ਤਖਤਿ ਮਿਲੈ ਵਡਿਆਈ ਗੁਰਮੁਖਿ ਸੇ ਪਰਧਾਨ ਕੀਏ ॥ ਪਾਰਸੁ ਭੇਟਿ ਭਏ ਸੇ ਪਾਰਸ ਨਾਨਕ ਹਰਿ ਗੁਰ ਸੰਗਿ ਥੀਏ ॥੪॥੪॥੧੨॥ {ਪੰਨਾ 1171}

ਪਦਅਰਥ:- ਸਾਹੁ—ਸ਼ਾਹੁ, ਉਹ ਧਨੀ ਜੋ ਹੋਰ ਵਪਾਰੀਆਂ ਨੂੰ ਵਣਜ-ਵਪਾਰ ਕਰਨ ਲਈ ਰਾਸਿ-ਪੂੰਜੀ ਦੇਂਦਾ ਹੈ। ਸਾਚਾ—ਸਦਾ ਕਾਇਮ ਰਹਿਣ ਵਾਲਾ, ਸਦਾ ਹੀ ਧਨਾਢ ਟਿਕੇ ਰਹਿਣ ਵਾਲਾ। ਭੁਖ—ਮਾਇਆ ਦਾ ਲਾਲਚ। ਗਵਾਏ—ਦੂਰ ਕਰਦਾ ਹੈ। ਕਰਿ—ਕਰ ਕੇ। ਦ੍ਰਿੜਾਏ—(ਮਨ ਵਿਚ) ਪੱਕੀ ਕਰ ਦੇਂਦਾ ਹੈ। ਅਨਦਿਨੁ—ਹਰ ਰੋਜ਼।1।

ਮਤ ਭੂਲਹਿ—ਕਿਤੇ ਭੁਲਾ ਨਾਹ ਦੇਈਂ। ਚੇਤਿ—ਯਾਦ ਕਰ, ਸਿਮਰ। ਮੁਕਤਿ—ਮਾਇਆ ਦੇ ਲਾਲਚ ਵਲੋਂ ਖ਼ਲਾਸੀ। ਤ੍ਰੈ ਲੋਈ—ਤਿੰਨਾਂ ਹੀ ਲੋਕਾਂ ਵਿਚ, ਸਾਰੀ ਹੀ ਸ੍ਰਿਸ਼ਟੀ ਵਿਚ ਕਿਤੇ ਭੀ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਨਾਮੁ ਹਰੀ—ਹਰੀ ਦਾ ਨਾਮ।1। ਰਹਾਉ।

ਭਗਤੀ—ਲਗਨ, ਦਿਲੀ ਖਿੱਚ, ਸਰਧਾ। ਭਗਤਿ ਹਰੀ—ਪ੍ਰਭੂ ਨੂੰ ਮਿਲਣ ਲਈ ਤਾਂਘ। ਸਤਸੰਗੁ—ਭਲਿਆਂ ਦੀ ਸੰਗਤਿ। ਕਰਮਿ—(ਪ੍ਰਭੂ ਦੀ) ਮੇਹਰ ਨਾਲ।2।

ਘਟਿ—ਘਟ ਵਿਚ, ਸਰੀਰ ਵਿਚ। ਘਟਿ ਘਟਿ—ਹਰੇਕ ਸਰੀਰ ਵਿਚ। ਉਪਾਏ—ਪੈਦਾ ਕਰਦਾ ਹੈ। ਵੇਖੈ—ਸੰਭਾਲ ਕਰਦਾ ਹੈ। ਗੁਰਮੁਖਿ—ਗੁਰੂ ਦੀ ਸਰਨ ਪਿਆਂ। ਕਰਹਿ—ਕਰਦੇ ਹਨ। ਸੁ—ਉਹ ਬੰਦੇ। ਰੰਗਿ—ਰੰਗ ਵਿਚ, ਪਿਆਰ ਵਿਚ। ਭੀਨੇ—ਭਿੱਜੇ ਹੋਏ, ਮਸਤ। ਮਨਾ—ਮਨਿ, (ਉਹਨਾਂ ਦੇ) ਮਨ ਵਿਚ।3।

ਕਉ—ਨੂੰ। ਤਖਤਿ—ਤਖ਼ਤ ਉਤੇ। ਤਖਤਿ ਵਡਿਆਈ—ਤਖ਼ਤ ਉਤੇ ਬੈਠਣ ਦੀ ਵਡਿਆਈ, ਹਿਰਦੇ-ਤਖ਼ਤ ਉਤੇ ਬੈਠੇ ਰਹਿਣ ਦੀ ਇੱਜ਼ਤ, ਮਾਇਆ ਦੇ ਪਿੱਛੇ ਭਟਕਣ ਤੋਂ ਬਚੇ ਰਹਿਣ ਦਾ ਮਾਣ। ਗੁਰਮੁਖਿ—ਗੁਰੂ ਦੀ ਰਾਹੀਂ। ਪਰਧਾਨ—ਉੱਘੇ, ਮੰਨੇ-ਪ੍ਰਮੰਨੇ। ਪਾਰਸੁ—ਗੁਰੂ-ਪਾਰਸ। ਭੇਟਿ—ਛੁਹ ਕੇ, ਮਿਲ ਕੇ। ਪਾਰਸ—ਲੋਹਾ ਆਦਿਕ ਧਾਤਾਂ ਨੂੰ ਸੋਨਾ ਬਣਾ ਦੇਣ ਦੀ ਸਮਰੱਥਾ ਰੱਖਣ ਵਾਲੇ। ਗੁਰ ਸੰਗਿ—ਗੁਰੂ ਦੇ ਸੰਗੀ। ਥੀਏ—ਬਣ ਗਏ।4।

ਅਰਥ:- ਹੇ (ਮੇਰੇ) ਮਨ! ਪਰਮਾਤਮਾ ਨੂੰ (ਸਦਾ) ਚੇਤੇ ਰੱਖ। (ਵੇਖੀਂ, ਮਾਇਆ ਦੀ ਭੁੱਖ ਵਿਚ ਫਸ ਕੇ) ਕਿਤੇ (ਉਸ ਨੂੰ) ਭੁਲਾ ਨਾ ਦੇਈਂ। (ਪਰ) ਗੁਰੂ ਦੀ ਸਰਨ ਪਿਆਂ ਹੀ ਪਰਮਾਤਮਾ ਦਾ ਨਾਮ ਮਿਲਦਾ ਹੈ, ਗੁਰੂ ਦੀ ਸਰਨ ਪੈਣ ਤੋਂ ਬਿਨਾ ਮਾਇਆ ਦੀ ਭੁੱਖ ਤੋਂ ਖ਼ਲਾਸੀ ਨਹੀਂ ਹੋ ਸਕਦੀ (ਭਾਵੇਂ) ਤਿੰਨਾਂ ਲੋਕਾਂ ਵਿਚ ਹੀ (ਦੌੜ-ਭੱਜ ਕਰ ਕੇ ਵੇਖ ਲੈ), (ਇਸ ਵਾਸਤੇ, ਹੇ ਮਨ! ਗੁਰੂ ਦਾ ਪੱਲਾ ਫੜ)।1। ਰਹਾਉ।

ਗੁਰੂ ਐਸਾ ਸ਼ਾਹ ਹੈ ਜਿਸ ਦੇ ਪਾਸ ਪ੍ਰਭੂ ਦੇ ਨਾਮ ਦਾ ਧਨ ਸਦਾ ਹੀ ਟਿਕਿਆ ਰਹਿੰਦਾ ਹੈ, (ਇਸ ਵਾਸਤੇ) ਗੁਰੂ ਸੁਖ ਦੇਣ ਦੇ ਸਮਰੱਥ ਹੈ, ਗੁਰੂ ਪ੍ਰਭੂ ਨਾਲ ਮਿਲਾ ਦੇਂਦਾ ਹੈ, ਤੇ ਮਾਇਆ ਇਕੱਠੀ ਕਰਨ ਦੀ ਭੁੱਖ ਮਨੁੱਖ ਦੇ ਮਨ ਵਿਚੋਂ ਕੱਢ ਦੇਂਦਾ ਹੈ। ਗੁਰੂ ਮੇਹਰ ਕਰ ਕੇ (ਸਰਨ ਆਏ ਸਿੱਖ ਦੇ ਮਨ ਵਿਚ) ਪ੍ਰਭੂ ਨੂੰ ਮਿਲਣ ਦੀ ਤਾਂਘ ਪੱਕੀ ਕਰ ਦੇਂਦਾ ਹੈ (ਕਿਉਂਕਿ ਗੁਰੂ ਆਪ) ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ (ਆਪਣੀ ਸੁਰਤਿ ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਟਿਕਾਈ ਰੱਖਦਾ ਹੈ)।1।

ਦਿਲੀ ਖਿੱਚ ਤੋਂ ਬਿਨਾ ਸਤਿਗੁਰੂ ਭੀ ਨਹੀਂ ਮਿਲਦਾ (ਭਾਵ, ਗੁਰੂ ਦੀ ਕਦਰ ਨਹੀਂ ਪਾ ਸਕੀਦੀ), ਤੇ ਭਾਗਾਂ ਤੋਂ ਬਿਨਾ (ਪਿਛਲੇ ਸੰਸਕਾਰਾਂ ਦੀ ਰਾਸਿ-ਪੂੰਜੀ ਤੋਂ ਬਿਨਾ) ਪ੍ਰਭੂ ਨੂੰ ਮਿਲਣ ਦੀ ਤਾਂਘ (ਮਨ ਵਿਚ) ਨਹੀਂ ਉਪਜਦੀ। (ਪਿਛਲੇ ਸੰਸਕਾਰਾਂ ਦੀ ਰਾਸਿ-ਪੂੰਜੀ ਵਾਲੇ) ਭਾਗਾਂ ਤੋਂ ਬਿਨਾ ਗੁਰਮੁਖਾਂ ਦੀ ਸੰਗਤਿ ਨਹੀਂ ਮਿਲਦੀ (ਭਾਵ, ਸਤਸੰਗ ਦੀ ਕਦਰ ਨਹੀਂ ਪੈ ਸਕਦੀ), ਪ੍ਰਭੂ ਦੀ ਆਪਣੀ ਮੇਹਰ ਨਾਲ ਹੀ ਉਸ ਦਾ ਨਾਮ ਪ੍ਰਾਪਤ ਹੁੰਦਾ ਹੈ।2।

ਜੇਹੜਾ ਪ੍ਰਭੂ ਆਪ ਸਾਰੀ ਸ੍ਰਿਸ਼ਟੀ ਪੈਦਾ ਕਰਦਾ ਹੈ ਤੇ ਉਸ ਦੀ ਸੰਭਾਲ ਕਰਦਾ ਹੈ, ਉਹ ਹਰੇਕ ਸਰੀਰ ਵਿਚ ਲੁਕਿਆ ਬੈਠਾ ਹੈ, ਗੁਰੂ ਦੀ ਸਰਨ ਪੈਣ ਵਾਲੇ ਸੰਤ ਜਨਾਂ ਨੂੰ ਉਹ ਹਰ ਥਾਂ ਪ੍ਰਤੱਖ ਦਿੱਸਣ ਲੱਗ ਪੈਂਦਾ ਹੈ। ਉਹ ਸੰਤ ਜਨ ਸਦਾ ਪ੍ਰਭੂ ਦਾ ਨਾਮ ਜਪਦੇ ਹਨ, ਤੇ ਉਸ ਦੇ ਪਿਆਰ-ਰੰਗ ਵਿਚ ਮਸਤ ਰਹਿੰਦੇ ਹਨ, ਉਹਨਾਂ ਦੇ ਮਨ ਵਿਚ ਪ੍ਰਭੂ ਦਾ ਆਤਮਕ ਜ਼ਿੰਦਗੀ ਦੇਣ ਵਾਲਾ ਨਾਮ-ਜਲ ਸਦਾ ਵੱਸਦਾ ਰਹਿੰਦਾ ਹੈ।3।

ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਬੰਦਿਆਂ ਨੂੰ ਹਿਰਦੇ-ਤਖ਼ਤ ਉਤੇ ਬੈਠੇ ਰਹਿਣ ਦੀ (ਭਾਵ, ਮਾਇਆ ਦੇ ਪਿੱਛੇ ਭਟਕਣ ਤੋਂ ਬਚੇ ਰਹਿਣ ਦੀ) ਇੱਜ਼ਤ ਮਿਲਦੀ ਹੈ, ਉਹਨਾਂ ਨੂੰ ਪਰਮਾਤਮਾ ਜਗਤ ਵਿਚ ਉੱਘਾ ਕਰ ਦੇਂਦਾ ਹੈ। ਹੇ ਨਾਨਕ! ਗੁਰੂ-ਪਾਰਸ ਨੂੰ ਮਿਲ ਕੇ ਉਹ ਆਪ ਭੀ ਪਾਰਸ ਹੋ ਜਾਂਦੇ ਹਨ (ਉਹਨਾਂ ਦੇ ਅੰਦਰ ਭੀ ਇਹ ਸਮਰੱਥਾ ਆ ਜਾਂਦੀ ਹੈ ਕਿ ਮਾਇਆ-ਗ੍ਰਸੇ ਮਨਾਂ ਨੂੰ ਪ੍ਰਭੂ-ਚਰਨਾਂ ਵਿਚ ਜੋੜ ਸਕਣ), ਉਹ ਬੰਦੇ ਸਦਾ ਲਈ ਪਰਮਾਤਮਾ ਤੇ ਗੁਰੂ ਦੇ ਸਾਥੀ ਬਣ ਜਾਂਦੇ ਹਨ (ਉਹਨਾਂ ਦੀ ਸੁਰਤਿ ਸਦਾ ਗੁਰੂ-ਪ੍ਰਭੂ ਦੇ ਚਰਨਾਂ ਵਿਚ ਟਿਕੀ ਰਹਿੰਦੀ ਹੈ।4। 4।12।